# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :31-12-2025**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਪੰਜਾਬ ਵਿੱਚ ਮਨਰੇਗਾ ਸਮੇਤ ਕਈ ਯੋਜਨਾਵਾਂ ਵਿੱਚ ਵਿਆਪਕ ਭ੍ਰਿਸ਼ਟਾਚਾਰ ਦਾ ਇਲ੍ਜ਼ਾਮ ਲਾਇਆ ਏ.
- ਪਾਕਿਸਤਾਨ ਤੋਂ ਡਰੋਨ ਘੁਸਪੈਠ ਤੋਂ ਪੰਜਾਬ ਨੂੰ ਹੋਰ ਸੁਰੱਖਿਅਤ ਬਣਾਉਣ ਲਈ, ਪੰਜਾਬ ਸਰਕਾਰ ਨੇ 17 ਹੋਰ ਡਰੋਨ-ਵਿਰੋਧੀ ਪ੍ਰਣਾਲੀਆਂ ਖਰੀਦਣ ਲਈ ਕੇਂਦਰ ਤੋਂ 175 ਕਰੋੜ ਰੁਪਏ ਦੀ ਮੰਗ ਕੀਤੀ ਏ।
- ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਤਰਨ ਤਾਰਨ ਦੀਆਂ 4 ਗ੍ਰਾਮ ਪੰਚਾਇਤਾਂ ਵਿਖੇ ਪੰਚਾਇਤੀ ਚੋਣਾਂ ਕਰਵਾਉਣ ਦਾ ਐਲਾਨ . ਚੋਣਾਂ ਸਬੰਧੀ ਨੋਟੀਫਿਕੇਸ਼ਨ 5 ਜਨਵਰੀ 2026 ਨੂੰ ਜਾਰੀ ਹੋਵੇਗਾ.
- ਪੰਜਾਬ ਰਾਜ ਖ਼ੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਵੱਲੋਂ ਪੋਸ਼ਣ ਅਤੇ ਭਲਾਈ ਸਕੀਮਾਂ ਦੀ ਸਮੀਖਿਆ. ਓਹਨਾ ਕਿਹਾ

ਕਿ ਬੱਚਿਆਂ ਦੀ ਸਿਹਤ ਤੇ ਭੋਜਨ ਦੀ ਗੁਣਵੱਤਾ ਨਾਲ ਸਮਝੌਤਾ ਨਹੀਂ ਕੀਤਾ ਜਾਏਗਾ.

- ਪੰਜਾਬ ‘ਚ ਹੱਡ ਚੀਰਵੀਂ ਠੰਡ ਜਾਰੀ . ਠੰਡ ਅਤੇ ਧੁੰਦ ਦੇ ਮੱਦੇਨਜ਼ਰ ਸੂਬੇ ਦੇ ਸਾਰੇ ਸਕੂਲਾਂ ਵਿੱਚ 7 ਜਨਵਰੀ ਤੱਕ ਛੁੱਟੀਆਂ ਦਾ ਐਲਾਨ .

---------------------------------------------------

**ਹੁਣ ਖਬਰਾਂ ਵਿਸਥਾਰ ਨਾਲ**

---------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਪੰਜਾਬ ਵਿੱਚ ਮਨਰੇਗਾ ਸਕੀਮ ਸਮੇਤ ਕਈ ਯੋਜਨਾਵਾਂ ਵਿੱਚ ਵਿਆਪਕ ਭ੍ਰਿਸ਼ਟਾਚਾਰ ਦਾ ਇਲ੍ਜ਼ਾਮ ਲਾਇਆ ਏ. ਕੱਲ੍ਹ ਭੋਪਾਲ ਵਿੱਚ ਇੱਕ ਪ੍ਰੈਸ ਕਾਨਫਰੰਸ ਵਿੱਚ, ਸ਼੍ਰੀ ਚੌਹਾਨ ਨੇ ਇਲ੍ਜ਼ਾਮ ਲਾਇਆ ਕਿ ਮਾਲੀ ਧੋਖਾਧੜੀ ਦੇ ਲਗਭਗ 10, ਹਜ਼ਾਰ 653 ਮਾਮਲੇ ਸਾਹਮਣੇ ਆਏ ਨੇ, ਪਰ ਰਾਜ ਸਰਕਾਰ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ ਏ ।
ਉਨ੍ਹਾਂ ਕਿਹਾ ਕਿ ਮਨਰੇਗਾ ਅਧੀਨ ਜਿਹਨਾਂ ਕੰਮਾਂ ਦੀ ਆਗਿਆ ਨਹੀਂ ਏ ਓਹਨਾਂ ਵਿੱਚ ਅਨਿਯਮਿਤ ਖਰਚ ਕੀਤਾ ਗਿਆ ਏ – byte –

-------------------------------------------------------------------------------

ਪਾਕਿਸਤਾਨ ਤੋਂ ਆਉਣ ਵਾਲੇ ਡਰੋਨਾਂ ਦੀ ਘੁਸਪੈਠ ਤੋਂ ਪੰਜਾਬ ਨੂੰ ਹੋਰ ਸੁਰੱਖਿਅਤ ਬਣਾਉਣ ਲਈ, ਪੰਜਾਬ ਸਰਕਾਰ ਨੇ 17 ਹੋਰ ਡਰੋਨ-ਵਿਰੋਧੀ ਪ੍ਰਣਾਲੀਆਂ ਖਰੀਦਣ ਲਈ ਕੇਂਦਰ ਤੋਂ 175 ਕਰੋੜ ਰੁਪਏ ਦੀ ਮੰਗ ਕੀਤੀ ਏ । ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ, ਗੌਰਵ ਯਾਦਵ ਨੇ ਕਿਹਾ ਕਿ ਸਰਹੱਦੀ ਰਾਜ ਵਿੱਚ 3 ਐਂਟੀ-ਡਰੋਨ ਪ੍ਰਣਾਲੀਆਂ ਪਹਿਲਾਂ ਹੀ ਕਾਰਜਸ਼ੀਲ ਨੇ ਅਤੇ 6 ਹੋਰ ਜਲਦ ਹੀ ਕਾਇਮ ਕੀਤੀਆਂ ਜਾਣਗੀਆਂ- byte - ANTI DRONE

ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਪੁਲਿਸ ਮੁਖੀ ਨੇ ਕਿਹਾ ਕਿ ਪੰਜਾਬ ਪੁਲਿਸ ਵਿਗਿਆਨਕ ਢੰਗ ਨਾਲ ਸੰਗਠਿਤ ਅਪਰਾਧ ਨਾਲ ਨਜਿੱਠਣ ਲਈ ਦੋ ਸਾਫਟਵੇਅਰ ਵੀ ਚਲਾਏਗੀ। ਉਨ੍ਹਾਂ ਕਿਹਾ ਕਿ ਰਾਸ਼ਟਰੀ ਡੇਟਾਬੇਸ ਨਾਲ ਜਾਣਕਾਰੀ ਦੇ ਨਿਰਵਿਘਨ ਆਦਾਨ-ਪ੍ਰਦਾਨ ਲਈ ਇੱਕ ਸਾਫਟਵੇਅਰ, ਜੱਥੇਬੰਧਤ ਅਪਰਾਧ ਸੂਚਨਾ ਸਾਫਟਵੇਅਰ (OCIS) ਨੂੰ ਰਾਸ਼ਟਰੀ ਜਾਂਚ ਏਜੰਸੀ (NIA) ਨਾਲ ਜੋੜਿਆ ਜਾਵੇਗਾ। ਸ਼੍ਰੀ ਗੌਰਵ ਨੇ ਕਿਹਾ ਕਿ ਰਾਜ ਵਿੱਚ ਅੰਦਰੂਨੀ ਸੁਰੱਖਿਆ ਗਰਿੱਡ ਨੂੰ ਮਜ਼ਬੂਤ ਕਰਨ ਲਈ, ਅਗਲੇ ਸਾਲ

ਮਾਰਚ ਤੱਕ _585 ਥਾਵਾਂ 'ਤੇ 2, ਹਜ਼ਾਰ300 ਤੋਂ ਵੱਧ ਸੀਸੀਟੀਵੀ ਕੈਮਰੇ ਲਗਾਏ ਜਾਣਗੇ- byte - CCTV

-------------------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਤਰਨ ਤਾਰਨ ਦੀਆਂ 4 ਗ੍ਰਾਮ ਪੰਚਾਇਤਾਂ ਕਾਜ਼ੀ ਕੋਟ, ਕੱਕਾ ਕੰਡਿਆਲਾ, ਪੰਡੋਰੀ ਗੋਲਾ ਅਤੇ ਮਾੜੀ ਕੰਬੋਕੇ ਵਿਖੇ ਪੰਚਾਇਤੀ ਚੋਣਾਂ ਕਰਵਾਉਣ ਦਾ ਐਲਾਨ ਕੀਤਾ ਗਿਆ ਏ । ਇਸ ਸਬੰਧੀ ਜਾਣਕਾਰੀ ਦਿੰਦਿਆਂ, ਤਰਨ ਤਾਰਨ ਦੇ ਜ਼ਿਲ੍ਹਾ ਚੋਣ ਅਧਿਕਾਰੀ-ਤੇ-ਡਿਪਟੀ ਕਮਿਸ਼ਨਰ, ਸ੍ਰੀ ਰਾਹੁਲ ਨੇ ਦੱਸਿਆ ਕਿ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਤਰਨ ਤਾਰਨ ਦੀਆਂ 4 ਗ੍ਰਾਮ ਪੰਚਾਇਤਾਂ ਦੀਆਂ ਚੋਣਾਂ ਸਬੰਧੀ 5 ਜਨਵਰੀ 2026 ਨੂੰ ਨੋਟੀਫਿਕੇਸ਼ਨ ਜਾਰੀ ਹੋਵੇਗਾ। ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਦੱਸਿਆ ਕਿ ਇਨ੍ਹਾਂ ਪੰਚਾਇਤੀ ਚੋਣਾਂ ਲਈ, ਨਾਮਜ਼ਦਗੀ ਕਾਗਜ਼ 5 ਜਨਵਰੀ ਤੋਂ 8 ਜਨਵਰੀ 2026 ਨੂੰ ਦੁਪਹਿਰ ਬਾਅਦ 3 ਵਜੇ ਤੱਕ ਦਾਖ਼ਲ ਕੀਤੇ ਜਾ ਸਕਣਗੇ। ਉਨ੍ਹਾਂ ਦੱਸਿਆ ਕਿ 9 ਜਨਵਰੀ ਦਿਨ ਸ਼ੁਕਰਵਾਰ ਨੂੰ ਨਾਮਜ਼ਦਗੀ ਕਾਗਜ਼ਾਂ ਦੀ ਪੜਤਾਲ ਹੋਵੇਗੀ ਅਤੇ 10 ਜਨਵਰੀ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਣਗੇ। ਉਨ੍ਹਾਂ ਦੱਸਿਆ ਕਿ 18 ਜਨਵਰੀ ਨੂੰ ਸਵੇਰੇ 8:00 ਵਜੇ ਤੋਂ

ਸ਼ਾਮ 4:00 ਵਜੇ ਤੱਕ ਉਪਰੋਕਤ ਗਰਾਂਮ ਪੰਚਾਇਤਾਂ ਲਈ ਵੋਟਾਂ ਪੈਣਗੀਆਂ। ਉਨ੍ਹਾਂ ਕਿਹਾ ਕਿ ਵੋਟਾਂ ਪੈਣ ਤੋਂ ਬਾਅਦ ਓਥੇ ਹੀ ਪੋਲਿੰਗ ਸੈਂਟਰਾਂ ਵਿਖੇ ਵੋਟਾਂ ਦੀ ਗਿਣਤੀ ਹੋਵੇਗੀ। 5 ਜਨਵਰੀ ਨੂੰ ਨੋਟੀਫਿਕੇਸ਼ਨ ਜਾਰੀ ਹੋਣ ਦੇ ਨਾਲ ਹੀ ਚੋਣਾਂ ਮੁਕੰਮਲ ਹੋਣ ਤੱਕ ਸਬੰਧਿਤ ਗ੍ਰਾਮ ਪੰਚਾਇਤਾਂ ਦੇ ਖੇਤਰ ਵਿੱਚ ਆਦਰਸ਼ ਚੋਣ ਜ਼ਾਬਤਾ ਲਾਗੂ ਰਹੇਗਾ।

--------------------------------------------------------------------------------

ਸਾਲ 2025 ਨੂੰ ਭਾਰਤ ਦੀ ਵਿਕਾਸ ਯਾਤਰਾ ਦੇ ਇੱਕ ਫੈਸਲਾਕੁੰਨ ਅਧਿਆਇ ਵਜੋਂ ਯਾਦ ਰੱਖਿਆ ਜਾਵੇਗਾ । ਇਸ ਸਾਲ, ਨੀਤੀਆਂ ਨੂੰ ਤਰੱਕੀ ਵਿੱਚ ਬਦਲਿਆ ਗਿਆ ਤੇ ਇਰਾਦਿਆਂ ਨੂੰ ਸਾਕਾਰ ਰੂਪ ਦਿੱਤਾ ਗਿਆ। "ਸੁਧਾਰਾਂ ਦਾ ਸਾਲ" ਵਿਸ਼ੇਸ਼ ਲੜੀ ਵਿੱਚ, ਅੱਜ ਪੇਸ਼ ਏ 2025 ’ਚ ਆਲਮੀ ਉਤਪਾਦਨ ਖੇਤਰ ‘ਚ ਭਾਰਤ ਦੀ ਤਰੱਕੀ **ਬਾਰੇ ਇੱਕ ਰਿਪੋਰਟ** -

*ਇਸ ਸਾਲ, ਭਾਰਤ ਆਪਣੇ ਉਦਯੋਗਿਕ ਅਤੇ ਆਰਥਿਕ ਚਾਲ ਵਿੱਚ 7.8 ਫੀਸਦੀ ਦੇ ਅਨੁਮਾਨਿਤ ਵਿਕਾਸ ਦ੍ਰਿਸ਼ਟੀਕੋਣ ਦੇ ਨਾਲ ਇੱਕ ਫ਼ੈਸਲਾਕੁਨ ਮੋੜ 'ਤੇ ਪਹੁੰਚ ਗਿਆ। ਦੇਸ਼ ਨੇ ਆਪਣੇ ਆਪ ਨੂੰ ਇੱਕ ਤੇਜ਼ੀ ਨਾਲ ਵਧ ਰਹੇ ਬਾਜ਼ਾਰ ਅਤੇ ਵਧਦੇ ਵਿਦੇਸ਼ੀ ਸਿੱਧੇ ਨਿਵੇਸ਼ ਅਤੇ ਉਦਯੋਗਿਕ ਸਮਰੱਥਾ ਦੇ ਵਿਸਥਾਰ ਦੇ ਨਾਲ ਇੱਕ ਪ੍ਰਮੁੱਖ ਆਲਮੀ*

ਉਤਪਾਦਨ ਕੇਂਦਰ ਵਜੋਂ ਸਥਾਪਿਤ ਕੀਤਾ। ਭਾਰਤ ਦੀ ਪਹਿਲੀ ਟੈਂਪਰਡ-ਗਲਾਸ ਨਿਰਮਾਣ ਸਹੂਲਤ ਦਾ ਉਦਘਾਟਨ ਇਸ ਸਾਲ ਨੋਇਡਾ ਵਿੱਚ ਕੀਤਾ ਗਿਆ ਸੀ । ਇਸੇ ਤਰ੍ਹਾਂ ਊਰਜਾ ਖੇਤਰ ਵਿੱਚ, ਦੇਸ਼ ਨੇ 100 ਗੀਗਾ ਵਾਟ ਸੂਰਜੀ ਨਿਰਮਾਣ ਸਮਰੱਥਾ ਤੱਕ ਪਹੁੰਚ ਕੇ ਇੱਕ ਵੱਡਾ ਮੀਲ ਪੱਥਰ ਪ੍ਰਾਪਤ ਕੀਤਾ। ਇਸ ਦੌਰਾਨ ਸੋਲਰ ਮਾਡਿਊਲ ਉਤਪਾਦਨ 2014 ਵਿੱਚ 2.3 ਗੀਗਾ ਵਾਟ ਤੋਂ ਵਧ ਕੇ 2025 ਵਿੱਚ 100 GW ਹੋ ਗਿਆ ਏ ।

BYTE- ਨਰਿੰਦਰ ਮੋਦੀ

ਇਸ ਸਾਲ ਵੀ ਲਗਭਗ 2 ਹਜ਼ਾਰ 200 ਨਵੇਂ ਜਹਾਜ਼ਾਂ ਦੇ ਸ਼ਾਮਲ ਹੋਣ ਨਾਲ ਹਵਾਬਾਜ਼ੀ ਨਿਰਮਾਣ ਵਿੱਚ ਤੇਜ਼ੀ ਆਈ । 2030 ਤੱਕ ਯਾਤਰੀਆਂ ਦੀ ਆਵਾਜਾਈ 63 ਕਰੋੜ ਤੱਕ ਪਹੁੰਚਣ ਦਾ ਅਨੁਮਾਨ ਏ । ਦੂਜੇ ਪਾਸੇ, ਦੇਸ਼ ਦੇ ਉਦਯੋਗਿਕ ਵਾਧੇ ਨੇ ਲੱਖਾਂ ਲੋਕਾਂ ਲਈ ਗਤੀਸ਼ੀਲਤਾ ਪੈਦਾ ਕੀਤੀ ਏ ।

ਭਾਰਤ ਦੁਨੀਆ ਦੇ ਸਭ ਤੋਂ ਮਹੱਤਵਪੂਰਨ ਉਤਪਾਦਨ ਅਤੇ ਬਰਾਮਦ ਅਰਥਚਾਰਿਆਂ ਵਿੱਚੋਂ ਇੱਕ ਬਣਕੇ ਉਭਰਿਆ ਏ ।

ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਚੰਚਲ ਸ਼ਰਮਾ

---

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਸ੍ਰੀ ਬਾਲ ਮੁਕੰਦ ਸ਼ਰਮਾ ਨੇ ਫਤਹਿਗੜ੍ਹ ਸਾਹਿਬ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਉੱਚ ਪੱਧਰੀ ਸਮੀਖਿਆ ਮੀਟਿੰਗ ਕੀਤੀ. ਇਸ ਮੀਟਿੰਗ 'ਚ ਓਹਨਾਂ ਕਿਹਾ ਕਿ ਬੱਚਿਆਂ ਦੀ ਸਿਹਤ ਅਤੇ ਪੋਸ਼ਣ, ਸਰਕਾਰ ਦੀ ਤਰਜੀਹ ਏ ਤੇ ਇਸ ਸਬੰਧੀ ਕਿਸੇ ਵੀ ਪੱਧਰ 'ਤੇ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ. ਓਹਨਾਂ ਇਹ ਹਦਾਇਤਾਂ ਵੀ ਦਿੱਤੀਆਂ ਕਿ ਫੂਡ ਕਮਿਸ਼ਨ ਇਨ੍ਹਾਂ ਸਕੀਮਾਂ ਦੀ ਨਿਰੰਤਰ ਨਿਗਰਾਨੀ ਕਰੇਗਾ। ਇਸ ਮੀਟਿੰਗ ਦਾ ਮੁੱਖ ਮਕਸਦ ਜ਼ਿਲ੍ਹੇ ਵਿੱਚ ਖੁਰਾਕ, ਪੋਸ਼ਣ ਅਤੇ ਸਮਾਜ ਭਲਾਈ ਦੀਆਂ ਸਰਕਾਰੀ ਸਕੀਮਾਂ ਨੂੰ ਜ਼ਮੀਨੀ ਪੱਧਰ 'ਤੇ ਵਧੇਰੇ ਪਾਰਦਰਸ਼ੀ ਅਤੇ ਮਜ਼ਬੂਤ ਬਣਾਉਣਾ ਸੀ। ਸ੍ਰੀ ਸ਼ਰਮਾ ਨੇ ਰਾਸ਼ਟਰੀ ਖੁਰਾਕ ਸੁਰਖਿਆ ਕਾਨੂੰਨ 2013 ਨੂੰ ਮੂਲ ਭਾਵਨਾ ਨਾਲ ਲਾਗੂ ਕਰਨ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਕਾਨੂੰਨ ਦੇ ਨੇਮਾਂ ਨੂੰ ਡੂੰਘਾਈ ਨਾਲ ਸਮਝਣਾ ਅਤੇ ਅਮਲ ਵਿੱਚ ਲਿਆਉਣਾ ਲਾਜ਼ਮੀ ਏ । ਉਨ੍ਹਾਂ ਨੇ ਫ਼ਤਹਿਗੜ੍ਹ ਸਾਹਿਬ ਦੇ ਸਕੂਲਾਂ ਵਿੱਚ 'ਧੂੰਆਂ ਰਹਿਤ ਰਸੋਈ' ਵਿਕਸਿਤ ਕਰਨ ਲਈ ਕੀਤੇ ਯਤਨਾਂ ਦੀ ਸ਼ਲਾਘਾ ਵੀ ਕੀਤੀ। ਉਨ੍ਹਾਂ ਸੁਝਾਅ ਦਿੱਤਾ ਕਿ ਮਿਡ-ਡੇਅ-ਮੀਲ ਦੀ ਪੌਸ਼ਟਿਕਤਾ ਵਧਾਉਣ ਲਈ ਸਵੈ – ਸਹਾਇਤਾ ਸਮੂਹਾਂ ਵੱਲੋਂ ਤਿਆਰ

ਕੀਤੇ ਗਏ ਸ਼ੁੱਧ ਅਤੇ ਪੌਸ਼ਟਿਕ ਉਤਪਾਦਾਂ ਦੀ ਵਰਤੋਂ ਨੂੰ ਉਤਸ਼ਾਹਿਤ ਕੀਤਾ ਜਾਵੇ। ਸ਼੍ਰੀ ਸ਼ਰਮਾ ਨੇ ਸਪੱਸ਼ਟ ਕੀਤਾ ਕਿ ਸਕੂਲੀ ਬੱਚਿਆਂ ਦੇ ਖਾਣੇ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਅਨਾਜ ਦੇ ਭੰਡਾਰ ਅਤੇ ਵੰਡ ਪ੍ਰਣਾਲੀ ਦੀ ਨਿਯਮਿਤ ਜਾਂਚ ਕਰਨ ਦੇ ਆਦੇਸ਼ ਦਿੱਤੇ। ਸਕੂਲਾਂ ਅਤੇ ਆਂਗਨਵਾੜੀਆਂ ਵਿੱਚ ਤਾਜ਼ੀਆਂ ਸਬਜ਼ੀਆਂ ਦੀ ਉਪਲਬੱਧਤਾ ਲਈ 'ਪੋਸ਼ਣ ਬਾਗ' ਲਾਉਣ 'ਤੇ ਜ਼ੋਰ ਦਿੱਤਾ ਗਿਆ। ਸ਼੍ਰੀ ਸ਼ਰਮਾ ਨੇ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਕੂਲ ਸਿਹਤ ਪ੍ਰੋਗਰਾਮਾਂ ਤਹਿਤ ਬੱਚਿਆਂ ਦੀ ਨਿਯਮਿਤ ਸਿਹਤ ਜਾਂਚ, ਸਾਫ਼ ਪੀਣ ਵਾਲਾ ਪਾਣੀ ਅਤੇ ਪਖ਼ਾਨਿਆਂ ਦੀ ਸਫ਼ਾਈ ਯਕੀਨੀ ਬਣਾਇਆ ਜਾਵੇ

---------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੇਂ ਸਾਲ 2026 ਤੋਂ ਪਹਿਲਾਂ ਦੀ ਸ਼ਾਮ, ਦੇਸ਼- ਵਿਦੇਸ਼ ਵਿਚਲੇ ਨਾਗਰਿਕਾਂ ਨੂੰ ਵਧਾਈਆਂ ਦਿੱਤੀਆਂ । ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਨਵਾਂ ਸਾਲ ਨਵੀਂ ਊਰਜਾ ਅਤੇ ਸਕਾਰਾਤਮਕ ਤਬਦੀਲੀ ਦਾ ਪ੍ਰਤੀਕ ਏ, ਅਤੇ ਆਤਮ-ਚਿੰਤਨ ਅਤੇ ਨਵੇਂ ਸੰਕਲਪਾਂ ਲਈ ਇੱਕ ਮੌਕੇ ਵਜੋਂ ਕੰਮ ਕਰਦਾ ਏ । ਰਾਸ਼ਟਰਪਤੀ ਮੁਰਮੂ ਨੇ ਸਾਰਿਆਂ ਨੂੰ ਰਾਸ਼ਟਰ ਦੇ ਵਿਕਾਸ, ਸਮਾਜਿਕ

ਸਦਭਾਵਨਾ ਅਤੇ ਵਾਤਾਵਰਣ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ।

-------------------------------------------------------------------

ਨਵੇਂ ਸਾਲ ਦੀ ਸ਼ੁਰੂਆਤ ਮੌਕੇ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਪੰਜਾਬ ਪੁਲਿਸ ਵਲੋਂ ਵੱਖ-ਵੱਖ ਥਾਵਾਂ 'ਤੇ ਜਾਂਚ ਕੀਤੀ ਜਾ ਰਹੀ ਏ। ਨਸ਼ਾ ਕਰਕੇ ਵਾਹਨ ਚਲਾਉਣ ਵਾਲਿਆਂ ਖਿਲਾਫ ਵੱਡੀ ਮੁਹਿੰਮ ਸ਼ੁਰੂ ਕੀਤੀ ਗਈ ਏ । ਸਖਤ ਹਦਾਇਤਾਂ ਮੁਤਾਬਿਕ ਨਸ਼ੇ ਦੀ ਹਾਲਤ ਵਿੱਚ ਡਰਾਈਵਿੰਗ ਕਰਨ ਵਾਲਿਆਂ ਦੇ ਤੁਰੰਤ ਚਲਾਨ ਕੱਟੇ ਜਾਣਗੇ ਅਤੇ ਵਾਹਨ ਜ਼ਬਤ ਕੀਤੇ ਜਾਣਗੇ। ਵਿਸ਼ੇਸ਼ ਚੌਕਸੀ ਟੀਮਾਂ ਦਾ ਗਠਨ ਕੀਤਾ ਗਿਆ ਏ ਜੋ ਰਾਤ ਸਮੇਂ ਲਗਾਤਾਰ ਗਸ਼ਤ ਕਰ ਰਹੀਆਂ ਨੇ.

-------------------------------------------------------------------

ਭਾਰਤੀ ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ,ਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ. ਮੌਸਮ ਵਿਭਾਗ ਨੇ ਹਿਮਾਚਲ ਪ੍ਰਦੇਸ਼ ਵਿੱਚ ਠੰਡੇ ਦਿਨਾਂ ਤੋਂ ਲੈ ਕੇ ਗੰਭੀਰ ਠੰਡੇ ਦਿਨਾਂ ਦੀ ਸੰਭਾਵਨਾ ਵੀ ਜਤਾਈ ਏ.

-------------------------------------------------------------------

ਪੰਜਾਬ ‘ਚ ਹੱਡ ਚੀਰਵੀਂ ਠੰਡ ਜਾਰੀ ਏ. ਸੂਬਾ ਸਰਕਾਰ ਦੇ ਸਿੱਖਿਆ ਵਿਭਾਗ ਨੇ ਸੂਬੇ ਵਿੱਚ ਲਗਾਤਾਰ ਵੱਧ ਰਹੀ ਠੰਡ ਅਤੇ ਧੁੰਦ ਦੇ ਮੱਦੇਨਜ਼ਰ ਬੱਚਿਆਂ ਤੇ ਅਧਿਆਪਕਾਂ ਦੀ ਸਿਹਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਸੂਬੇ ਦੇ ਸਾਰੇ ਸਰਕਾਰੀ, ਏਡਿਡ, ਮਾਨਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਵਿੱਚ 7 ਜਨਵਰੀ ਤੱਕ ਛੁੱਟੀਆਂ ਦਾ ਐਲਾਨ ਕੀਤਾ ਏ. ਹੁਣ ਸੂਬੇ ਦੇ ਸਾਰੇ ਸਕੂਲ, 8 ਜਨਵਰੀ ਤੋਂ ਆਮ ਵਾਂਗ ਖੁੱਲ੍ਹਣਗੇ।

-------------------------------------------------------------------

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਪੰਜਾਬ ਵਿੱਚ ਮਨਰੇਗਾ ਸਮੇਤ ਕਈ ਯੋਜਨਾਵਾਂ ਵਿੱਚ ਵਿਆਪਕ ਭ੍ਰਿਸ਼ਟਾਚਾਰ ਦਾ ਇਲ੍ਜ਼ਾਮ ਲਾਇਆ ਏ.
- ਪਾਕਿਸਤਾਨ ਤੋਂ ਡਰੋਨ ਘੁਸਪੈਠ ਤੋਂ ਪੰਜਾਬ ਨੂੰ ਹੋਰ ਸੁਰੱਖਿਅਤ ਬਣਾਉਣ ਲਈ, ਪੰਜਾਬ ਸਰਕਾਰ ਨੇ 17 ਹੋਰ ਡਰੋਨ-ਵਿਰੋਧੀ ਪ੍ਰਣਾਲੀਆਂ ਖਰੀਦਣ ਲਈ ਕੇਂਦਰ ਤੋਂ 175 ਕਰੋੜ ਰੁਪਏ ਦੀ ਮੰਗ ਕੀਤੀ ਏ ।
- ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਤਰਨ ਤਾਰਨ ਦੀਆਂ 4 ਗ੍ਰਾਮ ਪੰਚਾਇਤਾਂ ਵਿਖੇ ਪੰਚਾਇਤੀ ਚੋਣਾਂ ਕਰਵਾਉਣ ਦਾ

ਐਲਾਨ . ਚੋਣਾਂ ਸਬੰਧੀ ਨੋਟੀਫਿਕੇਸ਼ਨ 5 ਜਨਵਰੀ 2026 ਨੂੰ ਜਾਰੀ ਹੋਵੇਗਾ.

- ਪੰਜਾਬ ਰਾਜ ਖ਼ੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਵੱਲੋਂ ਪੋਸ਼ਣ ਅਤੇ ਭਲਾਈ ਸਕੀਮਾਂ ਦੀ ਸਮੀਖਿਆ. ਓਹਨਾ ਕਿਹਾ ਕਿ ਬੱਚਿਆਂ ਦੀ ਸਿਹਤ ਤੇ ਭੋਜਨ ਦੀ ਗੁਣਵੱਤਾ ਨਾਲ ਸਮਝੌਤਾ ਨਹੀਂ ਕੀਤਾ ਜਾਏਗਾ.
- ਪੰਜਾਬ ‘ਚ ਹੱਡ ਚੀਰਵੀਂ ਠੰਡ ਜਾਰੀ . ਠੰਡ ਅਤੇ ਧੁੰਦ ਦੇ ਮੱਦੇਨਜ਼ਰ ਸੂਬੇ ਦੇ ਸਾਰੇ ਸਕੂਲਾਂ ਵਿੱਚ 7 ਜਨਵਰੀ ਤੱਕ ਛੁੱਟੀਆਂ ਦਾ ਐਲਾਨ .

---------------------------------------------------------------

**ਇਸਦੇ ਨਾਲ ਹੀ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**